## ਪ੍ਰਸ਼ਨ-ਪੱਤਰ ਦੀ ਰੂਪ-ਰੇਖਾ

## ਸ਼੍ਰੇਣੀ:ਦਸਵੀਂ

## ਪੰਜਾਬੀ ਪੇਪਰ-ਬੀ

**ਸਮਾਂ:3 ਘੰਟੇ** **ਕੁੱਲ ਅੰਕ: 65**

**ਨੋਟ: ਪ੍ਰਸ਼ਨ-ਪੱਤਰ ਦੇ ਕੁੱਲ 12 ਪ੍ਰਸ਼ਨ ਹੋਣਗੇ।**

ਪ੍ਰਸ਼ਨ 1. ਇਹ ਪ੍ਰਸ਼ਨ ਵਸਤੂਨਿਸ਼ਠ ਕਿਸਮ ਦਾ ਹੋਵੇਗਾ। (ਇਸ ਵਿੱਚੋਂ ਪ੍ਰਸ਼ਨ ਨੰ. 7, 8, 9, 10, 11 ਅਤੇ 12 ਵਿੱਚੋਂ ਵਸਤੂਨਿਸ਼ਠ ਕਿਸਮ ਦੇ 10 ਪ੍ਰਸ਼ਨ ਪੁੱਛੇ ਜਾਣਗੇ। ਹਰੇਕ ਪ੍ਰਸ਼ਨ ਦਾ 1 ਅੰਕ ਹੋਵੇਗਾ। 1×10=10

ਪ੍ਰਸ਼ਨ 2. ਕੋਈ ਪੰਜ ਵਿਸ਼ੇ ਦੇ ਕੇ ਕਿਸੇ ਇੱਕ ਉੱਤੇ ਲਗ-ਪਗ 400 ਸ਼ਬਦਾਂ ਵਿੱਚ ਲੇਖ ਲਿਖਣ ਲਈ ਕਿਹਾ ਜਾਵੇਗਾ। 3 ਅੰਕ ਵਿਸ਼ਾ ਵਸਤੂ ਦੇ ਅਤੇ 7 ਅੰਕ ਪ੍ਰਗਟਾਅ, ਵਿਸ਼ਾ-ਵਸਤੂ ਦੀ ਤਰਤੀਬ, ਸਪਸ਼ਟਤਾ, ਸ਼ਬਦਾਵਲੀ, ਮੁਹਾਵਰੇ ਆਦਿ ਦੇ ਹਨ। 10

ਪ੍ਰਸ਼ਨ 3. ਕੋਈ ਦੋ ਵਿਸ਼ੇ ਦੇ ਕੇ ਕਿਸੇ ਇੱਕ ਉੱਤੇ ਪੱਤਰ/ ਅਰਜ਼ੀ ਲਿਖਣ ਲਈ ਕਿਹਾ ਜਾਵੇਗਾ। 2 ਅੰਕ ਅਰੰਭ ਦੇ, 4 ਅੰਕ ਮੱਧ ਦੇ ਅਤੇ 1 ਅੰਕ ਅੰਤ ਦਾ ਹੈ। 2+3+1=6

ਪ੍ਰਸ਼ਨ 4. ਲਗ-ਪਗ 150 ਸ਼ਬਦਾਂ ਦਾ ਇੱਕ ਪੈਰਾ ਦੇ ਕੇ ਉਸ ਨੂੰ ਇੱਕ ਤਿਹਾਈ ਸ਼ਬਦਾਂ ਵਿੱਚ ਸੰਖੇਪ ਕਰਨ ਲਈ ਕਿਹਾ ਜਾਵੇਗਾ। ਇਸ ਦਾ ਸਿਰਲੇਖ ਵੀ ਲਿਖਣਾ ਹੋਵੇਗਾ। ਸਿਰਲੇਖ ਦਾ 1 ਅੰਕ ਅਤੇ ਸੰਖੇਪ ਰਚਨਾ ਦੇ 5 ਅੰਕ ਹਨ। 5+1=6

ਪ੍ਰਸ਼ਨ 5. ਪਾਠ-ਪੁਸਤਕ ਵਿੱਚੋਂ ਕੋਈ 6 ਮੁਹਾਵਰੇ ਦੇ ਕੇ ਕੋਈ 3 ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤਣ ਲਈ ਕਿਹਾ ਜਾਵੇਗਾ ਕਿ ਅਰਥ ਸਪਸ਼ਟ ਹੋ ਜਾਣ। ਵੱਖਰੇ ਅਰਥ ਨਹੀ ਪੁੱਛੇ ਜਾਣਗੇ। ਹਰੇਕ ਦੇ 2 ਅੰਕ ਹਨ। 2x3=6

ਪ੍ਰਸ਼ਨ 6. ਇੱਕ ਅਜਿਹਾ ਪੈਰਾ ਜਾਂ ਕੁਝ ਵਾਕ ਦਿੱਤੇ ਜਾਣਗੇ, ਜਿਨ੍ਹਾਂ ਵਿੱਚ ਛੇ ਵਿਸਰਾਮ-ਚਿੰਨ੍ਹ ਹੀ ਲੱਗ ਸਕਦੇ ਹੋਣ, ਢੁਕਵੇਂ ਵਿਸਰਾਮ-ਚਿੰਨ੍ਹ ਲਾਉਣ ਲਈ ਕਿਹਾ ਜਾਵੇਗਾ। 1/2x6 =3

ਪ੍ਰਸ਼ਨ 7. (ੳ) ਇਸ ਪ੍ਰਸ਼ਨ ਵਿੱਚ ਵਿਆਕਰਨ ਦੀ ਪਰਿਭਾਸ਼ਾ, ਮੰਤਵ, ਅੰਗ : ਭਾਸ਼ਾ ਅਤੇ ਪੰਜਾਬੀ ਭਾਸ਼ਾ ਦੀਆਂ ਉਪ ਭਾਸ਼ਾਵਾਂ, ਟਕਸਾਲੀ ਜਾਂ ਮਿਆਰੀ ਪੰਜਾਬੀ ਭਾਸ਼ਾ ਬਾਰੇ ਦੋ ਬਹੁਤ ਛੋਟੇ ਉੱਤਰਾ ਵਾਲ਼ੇ ਪ੍ਰਸ਼ਨ ਪੁੱਛੇ ਜਾਣਗੇ। 2+2=4

(ਅ) ਧੁਨੀ ਅਤੇ ਪੰਜਾਬੀ ਧੁਨੀਆਂ : ਸ੍ਵਰ, ਵਿਅੰਜਨ, ਨਾਸਕੀ ਸ੍ਵਰ, ਨਾਸਕੀ ਵਿਅੰਜਨ ਬਾਰੇ ਪ੍ਰਸ਼ਨ ਪੁੱਛਿਆ ਜਾਵੇਗਾ। 2

ਪ੍ਰਸ਼ਨ 8. ਲਿਪੀ ਅਤੇ ਗੁਰਮੁਖੀ ਲਿਪੀ: ਵਰਨ ਜਾਂ ਅੱਖਰ ਮੁਕਤਾ, ਲਗਾਂ, ਬਿੰਦੀ, ਟਿੱਪੀ, ਅਧਕ ਦੀ ਵਰਤੋਂ ਬਾਰੇ ਬਹੁਤ ਛੋਟੇ ਉੱਤਰਾ ਵਾਲ਼ੇ ਦੋ ਪ੍ਰਸ਼ਨ ਪੁੱਛੇ ਜਾਣਗੇ। 2

ਪ੍ਰਸ਼ਨ 9. (ੳ) ਦੋ ਸ਼ਬਦ-ਭੇਦ ਦੇ ਕੇ ਕਿਸੇ ਇੱਕ ਦੀ ਪਰਿਭਾਸ਼ਾ ਅਤੇ ਉਦਾਹਰਨ ਪੁੱਛੀ ਜਾਵੇਗੀ। (ਨਾਂਵ, ਪੜਨਾਵ, ਵਿਸ਼ੇਸ਼ਣ, ਕਿਰਿਆ, ਕਿਰਿਆ-ਵਿਸ਼ੇਸ਼ਣ, ਸੰਬੰਧਕ, ਯੋਜਕ ਅਤੇ ਵਿਸਮਕ ਦੀਆਂ ਪਰਿਭਾਸ਼ਾਵਾਂ।) 2

(ਅ) ਨਾਂਵ, ਪੜਨਾਂਵ, ਵਿਸ਼ੇਸ਼ਣ, ਕਿਰਿਆ, ਕਿਰਿਆ-ਵਿਸ਼ੇਸ਼ਣ ਦੀਆਂ ਕਿਸਮਾਂ ਪੁੱਛੀਆਂ ਜਾਣਗੀਆਂ। 2

ਪ੍ਰਸ਼ਨ 10. ਕੋਈ ਇੱਕ ਵਾਕ ਦੇ ਕੇ ਉਸ ਵਿਚਲੇ ਨਾਵ, ਪੜਨਾਂਵ ਸ਼ਬਦਾਂ ਦੇ ਵਚਨ ਤੇ ਲਿੰਗ ਬਦਲ ਕੇ ਦੋ ਵੱਖਰੇ-ਵੱਖਰੇ

ਵਾਕਾਂ ਵਿੱਚ ਮੁੜ ਲਿਖਣ ਲਈ ਕਿਹਾ ਜਾਵੇਗਾ। 2

ਪ੍ਰਸ਼ਨ 11: ਕੋਈ ਇੱਕ ਵਾਕ ਦੇ ਕੇ ਉਸ ਨੂੰ ਦੋ ਵੱਖ-ਵੱਖ ਕਾਲਾਂ ਵਿੱਚ ਬਦਲ ਕੇ ਮੁੜ ਲਿਖਣ ਲਈ ਕਿਹਾ ਜਾਵੇਗਾ। 4

ਪ੍ਰਸ਼ਨ 12: (ੳ) ਇੱਕ ਬਹੁਅਰਥਕ ਸ਼ਬਦ ਦੇ ਕੇ ਉਸ ਦੇ ਵੱਖਰੇ-ਵੱਖਰੇ ਅਰਥਾਂ ਨੂੰ ਸਪਸ਼ਟ ਕਰਨ ਲਈ ਉਸ ਨੂੰ ਵਾਕਾਂ ਵਿੱਚ ਵਰਤਣ ਲਈ ਕਿਹਾ ਜਾਵੇਗਾ।

(ਅ) ਇੱਕ ਸ਼ਬਦ ਦੇ ਕੇ ਉਸ ਦੇ ਸਮਾਨਾਰਥਕ ਸ਼ਬਦ ਲਿਖਣ ਲਈ ਕਿਹਾ ਜਾਵੇਗਾ।

(ੲ) ਬਹੁਤੇ ਸ਼ਬਦਾਂ ਦੀ ਥਾਂ ਇੱਕ ਸ਼ਬਦ ਜਾਂ ਇੱਕ ਸ਼ਬਦ ਦੇ ਕੇ ਉਸ ਦਾ ਵਿਰੋਧੀ ਸ਼ਬਦ ਪੁੱਛਿਆ ਜਾਵੇਗਾ।

2+2+2=6

**ਨਿਰਧਾਰਿਤ ਪਾਠ-ਪੁਸਤਕ :**

**ਆਧੁਨਿਕ ਪੰਜਾਬੀ-ਵਿਆਕਰਨ ਅਤੇ ਲੇਖ-ਰਚਨਾ (ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)**